# **ਪੰਜਾਬ ਵਿਧਾਨ ਸਭਾ ਸਕੱਤਰੇਤ**

## **ਕੁਟੇਸ਼ਨਾਂ ਮੰਗਵਾਉਣ ਸਬੰਧੀ**

**ਪੰਜਾਬ ਵਿਧਾਨ ਸਭਾ ਦੇ ਅਗਾਮੀ ਸਮਾਗਮ ਦੇ ਮਿਤੀ 10.07.2025 ਤੋਂ ਸ਼ੁਰੂ ਹੋ ਰਹੇ ਸੈਸ਼ਨ ਦੌਰਾਨ ਹਾਊਸ ਅੰਦਰ ਦੋ 4K Curved Shape LED Wall ਲਗਾਈਆਂ ਜਾਣੀਆਂ ਹਨ। ਇਸ ਸਬੰਧੀ ਹੇਠ ਦਰਸਾਇਆਂ ਸ਼ਰਤਾਂ ਮੁਤਾਬਿਕ ਕੁਟੇਸ਼ਨਾਂ ਦੀ ਮੰਗ ਕੀਤੀ ਜਾਂਦੀ ਹੈ:-**

**ਕੁਟੇਸ਼ਨਾਂ ਮੰਗਵਾਉਣ ਸਬੰਧੀ ਨਿਮਨ ਸ਼ਰਤਾਂ ਦਰਜ ਕਰ ਲਈਆਂ ਜਾਣ :**

1. ਵੈਂਡਰ Curved shape **LED** wall ਮਿਤੀ 09.07.2025 ਨੂੰ ਹਰ ਹਾਲਤ ਵਿੱਚ ਹਾਊਸ ਵਿੱਚ ਇੰਸਟਾਲ ਕਰਕੇ ਅਤੇ ਉਨ੍ਹਾਂ ਨੂੰ ਐਕਟਿਵ ਕਰਨਾ ਯਕੀਨੀ ਬਣਾਏਗਾ।
2. ਸਕਰੀਨਾਂ ਨੂੰ ਵਿਧਾਨ ਸਭਾ ਪਹੁੰਚਾਉਣ ਲਈ ਟਰਾਂਸਪੋਰਟ ਚਾਰਜਿਜ਼ ਵੈਂਡਰ ਦੇ ਆਪਣੇ ਹੋਣਗੇ।
3. ਪੂਰੇ ਸੈਸ਼ਨ ਦੌਰਾਨ ਸਕਰੀਨਾਂ ਨੂੰ ਨਿਰਵਿਘਨ ਐਕਟੀਵੇਟ ਰੱਖਣ ਦੀ ਜ਼ਿੰਮੇਵਾਰੀ ਵੈਂਡਰਾਂ ਦੀ ਹੋਵੇਗੀ।
4. ਹਰ ਰੋਜ਼ ਸੈਸ਼ਨ ਸ਼ੁਰੂ ਹੋਣ ਤੋਂ ਘੱਟੋ-ਘੱਟ ਦੋ ਘੰਟੇ ਪਹਿਲਾਂ ਇਹ ਸਕਰੀਨਾਂ ਐਕਟੀਵੇਟ ਹੋ ਜਾਣੀਆਂ ਚਾਹੀਦੀਆਂ ਹਨ।
5. ਵੀਡੀਓ ਵਾਲਜ਼ ਦੇ ਭੁਗਤਾਨ ਸਮੇਂ ਜੀ.ਐਸ.ਟੀ. ਸਰਕਾਰੀ ਹਦਾਇਤਾਂ ਮੁਤਾਬਕ ਪੰਜਾਬ ਰਾਜ ਵਿੱਚ ਪੇਅਏਬਲ ਹੋਣਾ ਚਾਹੀਦਾ ਹੈ।
6. ਵੈਂਡਰ ਦਾ ਸੈਸ਼ਨ ਦੌਰਾਨ ਘੱਟੋ-ਘੱਟ ਇੱਕ ਐਕਸਪਰਟ ਵਿਧਾਨ ਸਭਾ ਵਿੱਚ ਮੌਜੂਦ ਰਹੇਗਾ।
7. ਸਕਰੀਨਾਂ ਦਾ ਸਾਈਜ਼ 8X10 ਫੁੱਟ ਹੋਣਾ ਚਾਹੀਦਾ ਹੈ।
8. Video walls ਨਿਰਵਿਘਨ ਐਕਟੀਵੇਟ ਰੱਖਣ ਦਾ ਰੈਂਟ daily basis ਤੇ ਹੋਵੇਗਾ।
9. ਜਿਸ ਵੈਂਡਰ ਕੋਲ ਇਸ ਸਬੰਧੀ ਕਿਸੇ ਵੀ ਵਿਧਾਨ ਸਭਾ ਵਿੱਚ ਇਹ video wall ਲਗਵਾਉਣ ਦਾ ਤਜ਼ਰਬਾ ਹੋਵੇਗਾ ਅਤੇ ਉਸ ਦੇ ਰੇਟ ਘੱਟ ਹੋਣਗੇ, ਉਸ ਨੂੰ ਪਹਿਲ ਦਿੱਤੀ ਜਾਵੇਗੀ।
10. ਵੈਂਡਰ ਹਾਊਸ ਵਿੱਚ ਇਸ ਢੰਗ ਨਾਲ video wall ਲਗਾਏਗਾ ਜਿਸ ਨਾਲ ਗੈਲਰੀਆਂ ਵਿੱਚ ਬੈਠੇ ਵਿਅਕਤੀਆਂ ਨੂੰ ਹਾਊਸ ਦੇਖਣ ਵਿੱਚ ਕੋਈ ਪਰੇਸ਼ਾਨੀ ਨਾ ਆਵੇ ।

ਕਿਉਂਕਿ ਸੈਸ਼ਨ ਵਿੱਚ ਸਮਾਂ ਬਹੁਤ ਘੱਟ ਹੈ, ਇਸ ਲਈ ਜਿਹੜੇ ਵੈਂਡਰ ਉਕਤ ਸ਼ਰਤਾਂ ਨਾਲ ਸਹਿਮਤ ਹੋਣ, ਉਨ੍ਹਾਂ ਦੀਆਂ ਕੁਟੇਸ਼ਨਾਂ ਮਿਤੀ 08.07.2025 ਨੂੰ 12:00 ਵਜੇ ਦੁਪਹਿਰ ਤੋਂ ਪਹਿਲਾਂ ਸਕੱਤਰ, ਪੰਜਾਬ ਵਿਧਾਨ ਸਭਾ ਨੂੰ ਪਹੁੰਚ ਜਾਣੀਆਂ ਚਾਹੀਦੀਆਂ ਹਨ। ਮਿਤੀ 08.07.2025 ਨੂੰ 2.00 ਵਜੇ ਬਾਅਦ ਦੁਪਹਿਰ ਸਕੱਤਰ ਸਾਹਿਬ ਜੀ ਦੇ ਕਮਰੇ ਵਿੱਚ ਇਹ ਕੁਟੇਸ਼ਨਾਂ ਖੋਲ੍ਹ ਦਿੱਤੀਆਂ ਜਾਣਗੀਆਂ। ਕੁਟੇਸ਼ਨਾਂ ਸਬੰਧੀ ਕੋਈ ਫੈਸਲਾ ਲੈਣ ਦਾ ਆਖਰੀ ਅਧਿਕਾਰ ਸਕੱਤਰ, ਪੰਜਾਬ ਵਿਧਾਨ ਸਭਾ, ਚੰਡੀਗੜ੍ਹ ਦਾ ਰਾਖਵਾਂ ਹੋਵੇਗਾ।